2025116352
ਰੀ-1

# ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ

ਛੇਵੀਂ ਮੰਜਿਲ, ਬਲਾਕ ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼-8, ਐਸ.ਏ.ਐਸ.ਨਗਰ (ਪੰਜਾਬ) ਵੱਲ

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈਸਿ), (ਐ.ਸਿ)
ਪੰਜਾਬ।

ਮੀਮੋ ਨੰ: 280/AD(GbC)/2025 ਮਿਤੀ: 12.08.2025

**ਵਿਸ਼ਾ: - ਮਿਸ਼ਨ ਤੰਦਰੁਸਤ ਪੰਜਾਬ ਦੇ ਸਬ ਮਿਸ਼ਨ ਗਰੀਨ ਪੰਜਾਬ ਤਹਿਤ ਸਕੂਲਾਂ ਨੂੰ ਪੌਦਿਆਂ ਦੀ ਜਾਣਕਾਰੀ ਭੇਜਣ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਪੰਜਾਬ ਵੱਲੋਂ ਇੱਕ ਸਾਲ ਵਿੱਚ ਇੱਕ ਲੱਖ ਪੌਦੇ ਲਗਾਉਣ ਦਾ ਟੀਚਾ ਦਿੱਤਾ ਗਿਆ ਸੀ। ਜਿਸ ਸਬੰਧੀ ਹਰ ਮਹੀਨੇ ਸਾਰੇ ਜ਼ਿਲ੍ਹਿਆਂ ਤੋਂ ਸੂਚਨਾ ਇਕੱਤਰ ਕਰਕੇ ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੂੰ ਮੁੱਖ ਦਫਤਰ ਵੱਲੋਂ ਭੇਜੀ ਜਾਂਦੀ ਹੈ।

2.0 ਇਸ ਪ੍ਰਕਿਰਿਆ ਨੂੰ ਹੋਰ ਵੀ ਸੁਚਾਰੂ ਢੰਗ ਨਾਲ ਚਲਾਉਣ ਲਈ ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਜਾਣਕਾਰੀ ਜਿਵੇਂ ਕਿ ਹਰ ਜ਼ਿਲ੍ਹੇ ਵਿੱਚ ਮੌਜੂਦ ਨਰਸਰੀ ਦੀ ਲੋਕੇਸ਼ਨ ਅਤੇ ਉਸਦੇ ਇੰਚਾਰਜ ਦੀ ਜਾਣਕਾਰੀ (ਨਾਲ ਨੱਥੀ) ਭੇਜੀ ਗਈ ਹੈ ਤਾਂ ਜੋ ਉਹਨਾਂ ਨਾਲ ਤਾਲਮੇਲ ਕਰਕੇ ਪੌਦੇ ਖਰੀਦੇ ਜਾਣ ਅਤੇ ਉਨ੍ਹਾਂ ਦੀ ਸਾਂਭ ਸੰਭਾਲ ਸਹੀ ਤਰੀਕੇ ਨਾਲ ਕੀਤੀ ਜਾ ਸਕੇ।

3.0 ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਪੌਦਿਆਂ ਨੂੰ ਉਗਾਉਣ ਦੀ ਵਿਧੀ ਅਤੇ ਸਾਂਭ-ਸੰਭਾਲ ਪ੍ਰਤੀ ਦਿਸ਼ਾ ਨਿਰਦੇਸ਼ (ਨਾਲ ਨੱਥੀ) ਭੇਜੇ ਗਏ ਹਨ।

4.0 ਆਪ ਨੂੰ ਹਦਾਇਤ ਦਿੱਤੀ ਜਾਂਦੀ ਹੈ ਕਿ ਇਹ ਸਾਰੇ ਦਿਸ਼ਾ ਨਿਰਦੇਸ਼ਾਂ ਤੇ ਅਮਲ ਕਰਦੇ ਹੋਏ ਆਪਣੇ ਜ਼ਿਲ੍ਹੇ ਦੀ ਹਰ ਮਹੀਨੇ ਦੀ ਰਿਪੋਰਟ ਮੁੱਖ ਦਫਤਰ ਦੀ ਈ -ਮੇਲ scertguidancecounselling@gmail.com ਤੇ ਸਮੇਂ ਸਿਰ ਭੇਜੀ ਜਾਵੇ।

ਕਿਰਨ ਸ਼ਰਮਾ, ਪੀ.ਸੀ.ਐਸ
ਡਾਇਰੈਕਟਰ, ਐਸ.ਸੀ.ਈ.ਆਰ.ਟੀ. ਪੰਜਾਬ।

ਪਿਠਾਂਕਣ ਨੰ: ਉਕਤ ਮਿਤੀ: 12.08.2025

ਉਪਰੋਕਤ ਦਾ ਉਤਾਰਾ ਸਮੂਹ ਜ਼ਿਲ੍ਹਾ Environment Education Program ਕੋਆਰਡੀਨੇਟਰ, ਪੰਜਾਬ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਡਾਇਰੈਕਟਰ
ਗਾਈਡੈਂਸ ਐਂਡ ਕਾਉਂਸਲਿੰਗ
ਐਸ.ਸੀ.ਈ.ਆਰ.ਟੀ. ਪੰਜਾਬ।

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ ਜੀ-1/1 ( )2025/ 1648 ਮਿਤੀ 12/08/25

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ, ਲਿਖਕੇ ਭੇਜਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਅਨੁਸਾਰ ਕਾਰਵਾਈ ਕਰਨੀ ਯਕੀਨੀ ਬਣਾਈ ਜਾਵੇ।

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ।

12/08/25